# ਸਿੱਖ ਦਾ ਸੱਚਾ ਨਾਮ ਹੈ *ਖਾਲਸਾ ਗੁਰਬਾਣੀ ਸਿੰਘ ਨਿਰਵੈਰ*

## ਵਿਸ਼ਾ: *ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ ॥*

| ਅੰਕ | 982 | ਸ਼ਬਦ | 2858 | ਮਃ ੪ | ਤੋਂ | ਸਾਲ |
|---|---|---|---|---|---|---|

ਨਟ ਮਹਲਾ ੪ ॥
ਰਾਮ ਗੁਰ ਸਰਨਿ ਪ੍ਰਭੂ ਰਖਵਾਰੇ ॥
ਜਿਉ ਕੁੰਚਰੁ ਤਦੂਐ ਪਕਰਿ ਚਲਾਇਓ ਕਰਿ ਊਪਰੁ ਕਢਿ ਨਿਸਤਾਰੇ ॥੧॥ ਰਹਾਉ ॥
ਪ੍ਰਭ ਕੇ ਸੇਵਕ ਬਹੁਤੁ ਅਤਿ ਨੀਕੇ ਮਨਿ ਸਰਧਾ ਕਰਿ ਹਰਿ ਧਾਰੇ ॥
ਮੇਰੇ ਪ੍ਰਭਿ ਸਰਧਾ ਭਗਤਿ ਮਨਿ ਭਾਵੈ ਜਨ ਕੀ ਪੈਜ ਸਵਾਰੇ ॥੧॥
ਹਰਿ ਹਰਿ ਸੇਵਕੁ ਸੇਵਾ ਲਾਗੈ ਸਭੁ ਦੇਖੈ ਬ੍ਰਹਮ ਪਸਾਰੇ ॥
ਏਕੁ ਪੁਰਖੁ ਇਕੁ ਨਦਰੀ ਆਵੈ ਸਭ ਏਕਾ ਨਦਰਿ ਨਿਹਾਰੇ ॥੨॥
ਹਰਿ ਪ੍ਰਭੁ ਠਾਕੁਰੁ ਰਵਿਆ ਸਭ ਠਾਈ ਸਭੁ ਚੇਰੀ ਜਗਤੁ ਸਮਾਰੇ ॥
ਆਪਿ ਦਇਆਲੁ ਦਇਆ ਦਾਨੁ ਦੇਵੈ ਵਿਚਿ ਪਾਥਰ ਕੀਰੇ ਕਾਰੇ ॥੩॥
ਅੰਤਰਿ ਵਾਸੁ ਬਹੁਤੁ ਮੁਸਕਾਈ ਭ੍ਰਮਿ ਭੂਲਾ ਮਿਰਗੁ ਸਿੰਙ੍ਹਾਰੇ ॥
ਬਨੁ ਬਨੁ ਢੂਢਿ ਢੂਢਿ ਫਿਰਿ ਥਾਕੀ ਗੁਰਿ ਪੂਰੈ ਘਰਿ ਨਿਸਤਾਰੇ ॥੪॥
ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ ॥੫॥
ਸਭੁ ਹੈ ਬ੍ਰਹਮੁ ਬ੍ਰਹਮੁ ਹੈ ਪਸਰਿਆ ਮਨਿ ਬੀਜਿਆ ਖਾਵਾਰੇ ॥
ਜਿਉ ਜਨ ਚੰਦ੍ਰਹਾਂਸੁ ਦੁਖਿਆ ਧ੍ਰਿਸਟਬੁਧੀ ਅਪੁਨਾ ਘਰੁ ਲੂਕੀ ਜਾਰੇ ॥੬॥
ਪ੍ਰਭ ਕਉ ਜਨੁ ਅੰਤਰਿ ਰਿਦ ਲੋਚੈ ਪ੍ਰਭ ਜਨ ਕੇ ਸਾਸ ਨਿਹਾਰੇ ॥
ਕ੍ਰਿਪਾ ਕ੍ਰਿਪਾ ਕਰਿ ਭਗਤਿ ਦ੍ਰਿੜਾਏ ਜਨ ਪੀਛੈ ਜਗੁ ਨਿਸਤਾਰੇ ॥੭॥
ਆਪਨ ਆਪਿ ਆਪਿ ਪ੍ਰਭੁ ਠਾਕੁਰੁ ਪ੍ਰਭੁ ਆਪੇ ਸ੍ਰਿਸਟਿ ਸਵਾਰੇ ॥
ਜਨ ਨਾਨਕ ਆਪੇ ਆਪਿ ਸਭੁ ਵਰਤੈ ਕਰਿ ਕ੍ਰਿਪਾ ਆਪਿ ਨਿਸਤਾਰੇ ॥੮॥੪॥